# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 09-03-2025**

ਸੰਸਦ ਦੇ ਬਜਟ ਇਜਲਾਸ ਦਾ ਦੂਜਾ ਹਿੱਸਾ ਕੱਲ ਤੋਂ ਮੁੜ ਸ਼ੁਰੂ ਹੋਵੇਗਾ । 4 ਅਪ੍ਰੈਲ ਤਕ ਚਲਣ ਵਾਲੇ ਇਸ ਹਿੱਸੇ, ਵਿੱਚ 20 ਬੈਠਕਾਂ ਹੋਣਗੀਆਂ। ਸਮਾਗਮ ਦੌਰਾਨ, ਸਾਲ 2025-26 ਲਈ ਗ੍ਰਾਂਟਾਂ ਦੀਆਂ ਮੰਗਾਂ ਅਤੇ ਖਰਚਿਆਂ ਲਈ, ਰਕਮਾਂ ਕਢਵਾਉਣ ਬਾਰੇ ਸੰਬੰਧਿਤ ਬਿੱਲ 'ਤੇ ਚਰਚਾ ਅਤੇ ਵੋਟਿੰਗ ਹੋਵੇਗੀ। ਇਸ ਤੋਂ ਇਲਾਵਾ, ਬੈਂਕਿੰਗ ਕਾਨੂੰਨ (ਤਰ੍ਮੀਮੀ) ਬਿੱਲ, ਸਾਹਿਲੀ ਜਹਾਜ਼ਰਾਨੀ ਬਿੱਲ, ਤ੍ਰਿਭੁਵਨ ਸਹਿਕਾਰੀ ਯੂਨੀਵਰਸਿਟੀ ਬਿੱਲ, ਇਮੀਗ੍ਰੇਸ਼ਨ ਅਤੇ ਵਿਦੇਸ਼ੀਆਂ ਬਾਰੇ ਬਿੱਲ, 2025 ਅਤੇ ਰੇਲਵੇ (ਤਰ੍ਮੀਮੀ) ਬਿੱਲ ਸਮੇਤ ਕਈ ਕਾਨੂੰਨਾਂ 'ਤੇ ਚਰਚਾ ਹੋਏਗੀ ਅਤੇ ਇਹਨਾਂ ਨੂੰ ਪਾਸ ਕੀਤਾ ਜਾਵੇਗਾ। ਸੰਸਦ ਦੇ ਬਜਟ ਇਜਲਾਸ ਦਾ ਪਹਿਲਾ ਹਿੱਸਾ, 31 ਜਨਵਰੀ ਤੋਂ 13 ਫਰਵਰੀ ਤੱਕ ਚਲਿਆ ਸੀ।

-----------------------------------------------------------------

ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਕੁਮਾਰ ਰਾਹੁਲ ਨੇ ਸੂਬੇ ਭਰ ਵਿੱਚ ਸਿਹਤ ਸੇਵਾਵਾਂ ਦੇ ਦਾਇਰੇ ਨੂੰ ਹੋਰ ਵਧਾਉਣ ਲਈ ਜ਼ਿਲ੍ਹਾ ਹਸਪਤਾਲਾਂ ਦੇ ਸਿਵਲ ਸਰਜਨਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ ਨਾਲ ਸਮੀਖਿਆ ਮੀਟਿੰਗ ਕੀਤੀ। ਕੱਲ ਚੰਡੀਗੜ੍ਹ ਵਿਚ ਹੋਈ ਮੀਟਿੰਗ, ਹਾਲ ਹੀ ਵਿੱਚ ਹੋਏ ਮਰੀਜ਼ ਪ੍ਰਤੀਕਰਮ ਸਰਵੇਖਣ ਵਿੱਚ ਉਜਾਗਰ ਕੀਤੀਆਂ ਗਈਆਂ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਬੇਹਤਰ ਡਾਕਟਰੀ ਸੇਵਾਵਾਂ ਨੂੰ ਯਕੀਨੀ ਬਣਾਉਣ ’ਤੇ ਕੇਂਦ੍ਰਿਤ ਸੀ। ਪੰਜਾਬ ਵਿਕਾਸ ਕਮਿਸ਼ਨ ਦੁਆਰਾ ਜਨਵਰੀ ਤੋਂ ਅੱਧ ਫਰਵਰੀ ਤੱਕ ਸਿਹਤ ਵਿਭਾਗ ਦੇ ਸਹਿਯੋਗ ਨਾਲ ਕੀਤੇ ਗਏ ਇਸ ਸਰਵੇਖਣ ਵਿੱਚ ਮਰੀਜ਼ਾਂ ਦੇ ਤਜਰਬਿਆਂ ਦੇ ਮੁੱਖ ਪਹਿਲੂਆਂ ਦਾ ਮੁਲਾਂਕਣ ਕੀਤਾ ਗਿਆ।ਪ੍ਰਮੁੱਖ ਸਕੱਤਰ ਨੇ ਸਰਵੇਖਣ ਦੇ ਨਤੀਜਿਆਂ ਦੀ ਡੂੰਘਾਈ ਨਾਲ ਸਮੀਖਿਆ ਕੀਤੀ ਅਤੇ ਸਥਾਪਿਤ ਮਾਪਦੰਡਾਂ ਤੋਂ ਊਣੀਆਂ ਸਹੂਲਤਾਂ ਲਈ ਜ਼ਿੰਮੇਵਾਰ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਸਾਰੇ

ਹਸਪਤਾਲਾਂ ਦੇ ਓ.ਪੀ.ਡੀ ਵਿੱਚ ਸੈਂ ਜਨਤਕ ਸ਼ਿਕਾਇਤ ਨਿਵਾਰਨ ਨੰਬਰ 104 ਨੂੰ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕਰਨ ਦੀ ਹਦਾਇਤ ਕੀਤੀ।

---------------------------------------------------------------

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੌਰਾਨ 1000 ਤੋਂ ਵੱਧ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕਿਆ ਗਿਆ ਅਤੇ ਸੂਬੇ ਭਰ ਵਿੱਚ 700 ਦੇ ਕਰੀਬ ਮੁਕਦਮੇ ਦਰਜ ਕੀਤੇ ਗਏ ਨੇ। ਸੂਬੇ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਜ਼ਿਲ੍ਹਾ ਐਸ.ਏ.ਐਸ.ਨਗਰ ਦੇ ਅਧਿਕਾਰੀਆਂ ਨਾਲ ਮੁਹਿੰਮ ਤਹਿਤ ਕੀਤੀ ਗਈ ਪ੍ਰਗਤੀ ਅਤੇ ਕਾਰਵਾਈ ਦਾ ਜਾਇਜ਼ਾ ਲੈਣ ਲਈ ਕੀਤੀ ਮੀਟਿੰਗ ਦੌਰਾਨ ਦਸਿਆ ਕਿ ਸਿਰਫ਼ ਅੱਠ ਦਿਨਾਂ ਵਿੱਚ 50 ਕਿਲੋ ਹੈਰੋਇਨ, 5 ਕੁਇੰਟਲ ਤੋਂ ਵੱਧ ਭੁੱਕੀ, 30 ਕਿਲੋ ਅਫੀਮ ਅਤੇ 22 ਲੱਖ ਰੁਪਏ ਤੋਂ ਵੱਧ ਦੀ ਡਰੱਗ ਮਨੀ ਦੀ ਬਰਾਮਦਗੀ ਸ਼ਾਮਲ ਏ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰ ਜਾਂ ਤਾਂ ਆਪਣੀਆਂ ਗੈਰ-ਕਾਨੂੰਨੀ ਗਤੀਵਿਧੀਆਂ ਬੰਦ ਕਰ ਦੇਣ ਜਾਂ ਫ਼ਿਰ ਪੰਜਾਬ ਛੱਡ ਦੇਣ।

---------------------------------------------------------------

ਲੁਧਿਆਣਾ ਦੀ ਚੰਡੀਗੜ੍ਹ ਰੋਡ 'ਤੇ ਸਥਿਤ ਇੱਕ ਨਿਰਮਾਣ ਅਧੀਨ

ਫੈਕਟਰੀ ਦਾ ਇੱਕ ਹਿੱਸਾ ਡਿੱਗਣ ਕਾਰਨ ਇੱਕ ਮਜ਼ਦੂਰ ਦੀ ਮੌਤ ਹੋ ਗਈ , ਤਿੰਨ ਲੋਕਾਂ ਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਏ ਜਦੋਂ ਕਿ ਦੋ ਲੋਕ ਅਜੇ ਵੀ ਲਾਪਤਾ ਦੱਸੇ ਜਾ ਰਹੇ ਨੇ। ਇਸ ਸਮੇਂ ਪ੍ਰਸ਼ਾਸਨ ਦੀਆਂ ਟੀਮਾਂ ਦੀ ਮੌਜੂਦਗੀ ਵਿੱਚ ਐਨ.ਡੀ.ਆਰ.ਐਫ ਵੱਲੋਂ ਰਾਹਤ ਕਾਰਜ ਜਾਰੀ ਨੇ। ਮੌਕੇ ਦਾ ਦੌਰਾ ਕਰ ਰਹੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦਸਿਆ

**BYTE:**

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਪ੍ਰਸ਼ਾਸਨ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ।

-----------------------------------------------------

ਦੀਨਾਨਗਰ ਅੱਤਵਾਦੀ ਹਮਲੇ ਵਿੱਚ ਸ਼ਹੀਦ ਹੋਏ ਪੁਲਿਸ ਜਵਾਨਾਂ ਨੂੰ ਸ਼ਰਧਾਂਜਲੀ ਦੇਣ ਦੇ ਲਈ ਪੰਜਾਬ ਸਰਕਾਰ ਦੇ ਵੱਲੋਂ ਗੁਰਦਾਸਪੁਰ ਦੇ ਨਵੇਂ ਬੱਸ ਅੱਡੇ  ਨੇੜੇ ਦੋ ਪਾਰਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਏ। ਨਗਰ ਸੁਧਾਰ ਟਰਸਟ ਗੁਰਦਾਸਪੁਰ ਦੇ ਚੇਅਰਮੈਨ ਰਜੀਵ ਸ਼ਰਮਾ ਨੇ ਦੱਸਿਆ ਕਿ  ਇੱਕ ਪਾਰਕ ਦਾ ਨਾਮ ਦੀਨਾਨਗਰ ਅੱਤਵਾਦੀ ਹਮਲੇ

ਦੌਰਾਨ ਸ਼ਹੀਦ ਹੋਏ ਪੁਲਿਸ ਜਵਾਨਾਂ ਦੇ ਨਾਮ ਤੇ ਅਤੇ ਦੂਜੇ ਪਾਰਕ ਦਾ ਨਾਮ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਤੇ ਰੱਖਿਆ ਜਾਵੇਗਾ । ਇਸਤੋਂ ਇਲਾਵਾ ਅੱਤਵਾਦੀ ਹਮਲੇ ਦੇ ਸ਼ਹੀਦਾਂ ਦੇ ਬੁੱਤ ਵੀ ਲਾਏ ਜਾਣਗੇ ਅਤੇ ਪਾਰਕ ਵਿੱਚ 150 ਫੁੱਟ ਉੱਚਾ ਤਿਰੰਗਾ ਵੀ ਲਗਾਇਆ ਜਾਵੇਗਾ।

---------------------------------------------------------

ਵਾਤਾਵਰਣ ਦੀ ਸੰਭਾਲ ਪ੍ਰਤੀ ਦ੍ਰਿੜ ਵਚਨਬੱਧਤਾ ਪ੍ਰਗਟ ਕਰਦਿਆਂ ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਭੋਗਪੁਰ ਵਿੱਚ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਕੁਦਰਤੀ ਸਰੋਤਾਂ ਨੂੰ ਪ੍ਰਦੂਸ਼ਣ ਤੋਂ ਬਚਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ । ਸਥਾਨਕ ਲੋਕਾਂ ਵੱਲੋਂ ਬਾਇਓ-ਸੀਐਨਜੀ ਪਲਾਂਟ ਖਿਲਾਫ਼ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਐਸ.ਐਸ.ਪੀ. ਗੁਰਮੀਤ ਸਿੰਘ ਅਤੇ ਹੋਰ ਅਧਿਕਾਰੀਆਂ ਨਾਲ ਭੋਗਪੁਰ ਦਾ ਦੌਰਾ ਕਰ ਰਹੇ ਸਨ। ਭੋਗਪੁਰ ਖੰਡ ਮਿੱਲ ਦੇ ਬਾਇਲਰ ’ਚੋਂ ਨਿਕਲਣ ਵਾਲੇ ਧੂੰਏਂ ਬਾਰੇ ਮੁੱਦਿਆਂ ਨੂੰ ਸੁਣਦਿਆਂ ਡਾ. ਅਗਰਵਾਲ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਮਿੱਲ ਨੂੰ ਬੈਂਕ ਗਰੰਟੀ ਜਮ੍ਹਾ ਕਰਨ ਦਾ ਹੁਕਮ ਦਿੱਤਾ ਗਿਆ ਏ ਅਤੇ

ਧੂੰਆਂ ਨਿਕਲਣ ’ਤੇ ਬਾਇਲਰ ਦਾ ਸੰਚਾਲਨ ਬੰਦ ਕਰਨ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ। ਪਲਾਂਟ ਦੇ ਮੱਦੇਨਜ਼ਰ ਡਾ. ਅਗਰਵਾਲ ਨੇ ਸਥਾਨਕ ਨਿਵਾਸੀਆਂ ਦੀ ਇੱਕ ਤਾਲਮੇਲ ਕਮੇਟੀ ਦੇ ਗਠਨ ਦਾ ਐਲਾਨ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਹੋਣ ਤੇ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

---------------------------------------------------------

ਆਈ.ਸੀ.ਸੀ ਚੈਂਪੀਅਨਜ਼ ਕ੍ਰਿਕਟ ਟਰਾਫੀ 2025 ਦੇ ਫਾਈਨਲ ਮੁਕਾਬਲੇ ਵਿੱਚ, ਭਾਰਤ ਅੱਜ ਨਿਊਜ਼ੀਲੈਂਡ ਖਿਲਾਫ ਖੇਡਣ ਲਈ ਤਿਆਰ ਏ। ਖਿਤਾਬੀ ਮੈਚ ਭਾਰਤੀ ਸਮੇਂ ਅਨੁਸਾਰ ਦੁਪਹਿਰ ਬਾਅਦ ਢਾਈ ਵਜੇ ਸ਼ੁਰੂ ਹੋਵੇਗਾ। ਭਾਰਤ ਪੂਰੇ ਟੂਰਨਾਮੈਂਟ 'ਚ ਜੇਤੂ ਰਿਹਾ ਏ। ਭਾਰਤੀ ਟੀਮ ਨੇ ਲੀਗ ਗੇੜ ਵਿੱਚ, ਬੰਗਲਾਦੇਸ਼, ਪਾਕਿਸਤਾਨ ਅਤੇ ਨਿਊਜ਼ੀਲੈਂਡ 'ਤੇ ਪ੍ਰਭਾਵਸ਼ਾਲੀ ਜਿੱਤ ਹਾਸਲ ਕੀਤੀ ਅਤੇ ਸੈਮੀ-ਫਾਈਨਲ 'ਚ ਆਸਟ੍ਰੇਲੀਆ ਨੂੰ ਹਰਾ ਕੇ ਫਾਈਨਲ 'ਚ ਆਪਣੀ ਥਾਂ ਪੱਕੀ ਕੀਤੀ। ਦੂਜੇ ਪਾਸੇ, ਨਿਊਜ਼ੀਲੈਂਡ ਸੈਮੀ-ਫਾਈਨਲ 'ਚ ਦੱਖਣੀ ਅਫਰੀਕਾ ਨੂੰ ਹਰਾ ਕੇ ਫਾਈਨਲ ਵਿੱਚ ਪਹੁੰਚਿਆ।